Punjab Government Gazette

Published by Authority

No. 17] CHANDIGARH, FRIDAY, APRIL 24, 2026 (VAISAKHA 4, 1948 SAKA)

PART I

Punjab Government Notifications and Orders

ਪੰਜਾਬ ਸਰਕਾਰ

ਖੇਡਾਂ ਤੇ ਯੁਵਕ ਸੇਵਾਵਾਂ ਵਿਭਾਗ

(ਖੇਡਾਂ ਤੇ ਯੁਵਕ ਸੇਵਾਵਾਂ ਸ਼ਾਖਾ)

ਅਧਿਸੂਚਨਾ

ਮਿਤੀ 13 ਮਾਰਚ, 2026

ਨੰ:SYWD-SPRT01/15/2026-1SS/1343799.-ਸ਼੍ਰੀ ਅਵਤਾਰ ਰਾਮ ਪੁੱਤਰ ਸ਼੍ਰੀ ਦੇਵ ਰਾਮ, ਵੇਟਲਿਫਟਿੰਗ ਕੋਚ, ਖੇਡ ਵਿਭਾਗ ਪੰਜਾਬ ਨੂੰ 58 ਸਾਲ ਦੀ ਉਮਰ ਪੂਰੀ ਹੋਣ ਉਪਰੰਤ ਪੰਜਾਬ ਸਿਵਲ ਸੇਵਾਵਾਂ ਨਿਯਮਾਂਵਲੀ ਦੇ ਜਿਲਦ-1, ਭਾਗ-1 ਦੇ ਨਿਯਮ 3.26 ਅਧੀਨ ਕੀਤੇ ਉਪਬੰਧ ਤਹਿਤ ਮਿਤੀ 28-02-2026 ਨੂੰ ਬਾਅਦ ਦੁਪਹਿਰ ਸਰਕਾਰੀ ਸੇਵਾ ਤੋਂ ਸੇਵਾ ਨਿਵਿਰਤ ਕੀਤਾ ਜਾਂਦਾ ਹੈ।

2. ਜੇਕਰ ਇਸ ਅਧਿਕਾਰੀ ਵਿਰੁੱਧ ਕੋਈ ਵਿਭਾਗੀ/ਅਨੁਸ਼ਾਸ਼ਨੀ/ਮੁਕੱਦਮਾ/ਚੌਕਸੀ ਪੜਤਾਲ/ਆਡਿਟ ਪੈਰਿਆਂ ਜਾਂ ਮਿਸਲੇਨੀਅਸ ਐਡਵਾਂਸ ਰਕਮਾਂ ਦਾ ਕੇਸ ਆਦਿ ਲੰਬਿਤ ਹੋਵੇ ਤਾਂ ਉਸ ਤੇ ਇਹਨਾਂ ਹੁਕਮਾਂ ਦਾ ਕੋਈ ਅਸਰ ਨਹੀਂ ਹੋਵੇਗਾ, ਭਾਵ ਪੜਤਾਲ ਚਲਦੀ ਰਹੇਗੀ ਅਤੇ ਉਸ ਪੜਤਾਲ ਦੇ ਸਿੱਟਿਆਂ ਦੇ ਸਨਮੁੱਖ ਉਸ ਵਿਰੁੱਧ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਇਸ ਤੋਂ ਇਲਾਵਾ ਜੇਕਰ ਉਹਨਾਂ ਵਿਰੁੱਧ ਕੋਈ ਰਿਕਵਰੀ ਕਿਸੇ ਸਮੇਂ ਸਰਕਾਰ ਦੇ ਧਿਆਨ ਵਿੱਚ ਆਉਂਦੀ ਹੈ ਤਾਂ ਉਸਦੀ ਭਰਪਾਈ ਉਨ੍ਹਾਂ ਦੇ ਰਿਟਾਇਰਮੈਂਟ ਲਾਭਾਂ (ਗਰੈਚੂਟੀ/ਲੀਵ ਇਨਕੈਸ਼ਮੈਂਟ/ਪੈਨਸ਼ਨ) ਵਿੱਚੋਂ ਕੀਤੀ ਜਾਵੇਗੀ।

ਸਰਵਜੀਤ ਸਿੰਘ, ਆਈ.ਏ.ਐਸ.,

ਚੰਡੀਗੜ੍ਹ — ਵਿਸ਼ੇਸ਼ ਮੁੱਖ ਸਕੱਤਰ,ਪੰਜਾਬ ਸਰਕਾਰ

ਮਿਤੀ 12 ਮਾਰਚ, 2026 — ਖੇਡਾਂ ਤੇ ਯੁਵਕ ਸੇਵਾਵਾਂ ਵਿਭਾਗ।

3697/4-2026/Pb. Govt. Press, S.A.S. Nagar